ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)

## ਅਧਿਸੂਚਨਾ

ਮਿਤੀ, ਚੰਡੀਗੜ੍ਹ:21.12.2016

ਨੰ: 16/3(30)/2016-5ਸਸ3/2860 ਜਿਵੇਂ ਕਿ ਨਗਰ ਕੌਂਸਲ, ਕੁਰਾਲੀ ਜਿਲ੍ਹਾ ਐਸ.ਏ.ਐਸ.ਨਗਰ (ਮੋਹਾਲੀ) ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ:258 ਮਿਤੀ 26.11.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ ਵੱਲੋ ਆਪਣੇ ਮਤਾ ਨੰ:21 ਮਿਤੀ 31.05.2016 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955"(15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਕੁਰਾਲੀ ਜਿਲ੍ਹਾ ਐਸ.ਏ.ਐਸ ਨਗਰ (ਮੋਹਾਲੀ) ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/-ਰੁਪਏ | ਨਗਰ ਕੌਂਸਲ, ਕੁਰਾਲੀ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਐਸ.ਏ.ਐਸ.ਨਗਰ |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਐਸ.ਏ.ਐਸ.ਨਗਰ |
| 4 | ਸੀਮਿੰਟ ਪ੍ਰਤੀ ਬੈਗ | 01/-ਰੁਪਏ | ਨਗਰ ਕੌਂਸਲ, ਕੁਰਾਲੀ |
| 5 | ਬਿਜਲੀ ਪ੍ਰਤੀ ਯੂਨਿਟ | 02 ਪੈਸੇ | ਨਿਗਰਾਨ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਕੁਰਾਲੀ |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸਨ | 1000/-ਰੁਪਏ | ਨਗਰ ਕੌਂਸਲ, ਕੁਰਾਲੀ |
| 7 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸਨ | 500/-ਰੁਪਏ | ਨਗਰ ਕੌਂਸਲ, ਕੁਰਾਲੀ |
| 8 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਐਸ.ਏ.ਐਸ. ਨਗਰ |
| 9 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਐਸ.ਏ.ਐਸ. ਨਗਰ |

3 ਲੜੀ ਨੰ: 2 ਅਤੇ 3 ਤੇ ਕਾਓ ਸੈਸ ਸਾਲ 2017-18 ਤੋਂ ਲਾਗੂ ਹੋਵੇਗਾ।

ਮਿਤੀ: ਚੰਡੀਗੜ੍ਹ
20.12.2016

ਡੀ.ਪੀ.ਰੈਡੀ, ਆਈ.ਏ.ਐਸ.
ਵਧੀਕ ਮੁੱਖ ਸਕੱਤਰ ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/3(30)/2016-5ਸਸ3/2861 ਮਿਤੀ, ਚੰਡੀਗੜ੍ਹ: 21.12.2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ।

ਵਿਸ਼ੇਸ਼ ਸਕੱਤਰ, ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/3(30)/2016-5ਸਸ3/2862 ਮਿਤੀ, ਚੰਡੀਗੜ੍ਹ: 21.12.2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਡਿਪਟੀ ਕਮਿਸ਼ਨਰ, ਐਸ.ਏ.ਐਸ.ਨਗਰ (ਮੋਹਾਲੀ)।।
11 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਪਟਿਆਲਾ।
12 ਉਪ-ਮੰਡਲ ਮੈਜਿਸਟਰੇਟ, ਖਰੜ ।
13 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਕੁਰਾਲੀ।
14 ਜਿਲ੍ਹਾ ਟਰਾਂਸਪੋਰਟ ਅਫਸਰ, ਐਸ.ਏ.ਐਸ.ਨਗਰ (ਮੋਹਾਲੀ)।
15 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ।
16 ਡਾਇਰੈਕਟਰ,ਟਾਊਨ ਪਲਾਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
17 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਐਸ.ਏ.ਐਸ.ਨਗਰ (ਮੋਹਾਲੀ)।
18 ਨਿਗਰਾਨ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਕੁਰਾਲੀ ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ